ਕੇਦਾਰਾ ਮਹਲਾ ੫ ॥ ਹਰਿ ਕੇ ਦਰਸਨ ਕੋ ਮਨਿ ਚਾਉ ॥ ਕਰਿ ਕਿਰਪਾ ਸਤਸੰਗਿ ਮਿਲਾਵਹੁ ਤੁਮ ਦੇਵਹੁ ਅਪਨੋ ਨਾਉ ॥ ਰਹਾਉ ॥ ਕਰਉ ਸੇਵਾ ਸਤ ਪੁਰਖ ਪਿਆਰੇ ਜਤ ਸੁਨੀਐ ਤਤ ਮਨਿ ਰਹਸਾਉ ॥ ਵਾਰੀ ਫੇਰੀ ਸਦਾ ਘੁਮਾਈ ਕਵਨੁ ਅਨੂਪੁ ਤੇਰੋ ਠਾਉ ॥ ੧॥ ਸਰਬ ਪ੍ਰਤਿਪਾਲਹਿ ਸਗਲ ਸਮਾਲਹਿ ਸਗਲਿਆ ਤੇਰੀ ਛਾਉ ॥ ਨਾਨਕ ਕੇ ਪ੍ਰਭ ਪੁਰਖ ਬਿਧਾਤੇ ਘਟਿ ਘਟਿ ਤੁਝਹਿ ਦਿਖਾਉ ॥੨॥੨॥੪॥ {ਪੰਨਾ 1119-1120}

ਪਦਅਰਥ:- ਕੋ—ਦਾ। ਮਨਿ—ਮਨ ਵਿਚ। ਕਰਿ—ਕਰ ਕੇ। ਸਤ ਸੰਗਿ—ਸਾਧ ਸੰਗਤਿ ਵਿਚ। ਰਹਾਉ।

ਕਰਉ—ਕਰਉਂ, ਮੈਂ ਕਰਾਂ। ਸੇਵਾ ਸਤ ਪੁਰਖ—ਗੁਰਮੁਖਾਂ ਦੀ ਸੇਵਾ। ਪਿਆਰੇ—ਹੇ ਪਿਆਰੇ ਪ੍ਰਭੂ! ਜਤ—{X>} ਜਿੱਥੇ। ਸੁਨੀਐ—ਸੁਣਿਆ ਜਾਂਦਾ ਹੈ। ਤਤ—ਉਥੇ। ਮਨਿ—ਮਨ ਵਿਚ। ਰਹਸਾਉ—ਰਹਸੁ, ਖਿੜਾਉ। ਵਾਰੀ, ਫੇਰੀ, ਘੁਮਾਈ—ਮੈਂ ਸਦਕੇ ਜਾਂਦਾ ਹਾਂ। ਅਨੂਪੁ—{ਅਨ-ਊਪ} ਜਿਸ ਵਰਗਾ ਹੋਰ ਕੋਈ ਨਹੀਂ, ਬਹੁਤ ਹੀ ਸੁੰਦਰ। ਠਾਉ—ਥਾਂ।1।

ਪ੍ਰਤਿਪਾਲਹਿ—ਤੂੰ ਪਾਲਦਾ ਹੈਂ। ਸਮਾਲਹਿ—ਤੂੰ ਸੰਭਾਲ ਕਰਦਾ ਹੈਂ। ਛਾਉ—ਆਸਰਾ। ਪੁਰਖ—ਹੇ ਸਰਬ-ਵਿਆਪਕ! ਬਿਧਾਤੇ—ਹੇ ਸਿਰਜਣਹਾਰ! ਘਟਿ ਘਟਿ—ਹਰੇਕ ਘਟ ਵਿਚ। ਦਿਖਾਉ—ਮੈਂ ਵੇਖਦਾ ਹਾਂ।2।

ਅਰਥ:- ਹੇ ਭਾਈ! ਮੇਰੇ ਮਨ ਵਿਚ ਹਰੀ ਦੇ ਦਰਸਨ ਦੀ ਤਾਂਘ ਹੈ। ਹੇ ਹਰੀ! ਮਿਹਰ ਕਰ ਕੇ ਮੈਨੂੰ ਸਾਧ ਸੰਗਤਿ ਵਿਚ ਮਿਲਾਈ ਰੱਖ, (ਤੇ ਉਥੇ ਰੱਖ ਕੇ) ਮੈਨੂੰ ਆਪਣਾ ਨਾਮ ਬਖ਼ਸ਼। ਰਹਾਉ।

ਹੇ ਪਿਆਰੇ ਹਰੀ! (ਮਿਹਰ ਕਰ) ਮੈਂ ਗੁਰਮੁਖਾਂ ਦੀ ਸੇਵਾ ਕਰਦਾ ਰਹਾਂ (ਕਿਉਂਕਿ ਗੁਰਮੁਖਾਂ ਦੀ ਸੰਗਤਿ ਵਿਚ) ਜਿਥੇ ਭੀ ਤੇਰਾ ਨਾਮ ਸੁਣਿਆ ਜਾਂਦਾ ਹੈ ਉਥੇ ਹੀ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ। ਹੇ ਪ੍ਰਭੂ! ਮੈਂ ਤੈਥੋਂ ਵਾਰਨੇ ਜਾਂਦਾ ਹਾਂ, ਤੈਥੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ, (ਜਿੱਥੇ ਤੂੰ ਵੱਸਦਾ ਹੈਂ) ਤੇਰਾ (ਉਹ) ਥਾਂ ਬਹੁਤ ਹੀ ਸੋਹਣਾ ਹੈ।1।

ਹੇ ਪ੍ਰਭੂ! ਤੂੰ ਸਭ ਜੀਵਾਂ ਦੀ ਪਾਲਣਾ ਕਰਦਾ ਹੈਂ, ਤੂੰ ਸਭ ਦੀ ਸੰਭਾਲ ਕਰਦਾ ਹੈਂ, ਸਭ ਜੀਵਾਂ ਨੂੰ ਤੇਰਾ ਹੀ ਆਸਰਾ ਹੈ। ਹੇ ਨਾਨਕ ਦੇ ਪ੍ਰਭੂ! ਹੇ ਸਰਬ-ਵਿਆਪਕ ਸਿਰਜਣਹਾਰ! (ਮਿਹਰ ਕਰ) ਮੈਂ ਤੈਨੂੰ ਹੀ ਹਰੇਕ ਸਰੀਰ ਵਿਚ ਵੇਖਦਾ ਰਹਾਂ।2। 2।4।